# ਵਰਲਡ ਪੰਜਾਬੀ ਟਾਈਮਜ਼
## WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times    17 ਅਕਤੂਬਰ 2026 ਦਿਨ ਸ਼ਨੀਵਾਰ    ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਾਹਿਤਕਾਰ ਸੁਰਜੀਤ ਕੌਰ ਧਾਲੀਵਾਲ ਨੇ ਆਪਣੇ ਜਨਮਦਿਨ ’ਤੇ ਕਰਵਾਇਆ ਕਵੀ ਦਰਬਾਰ

ਵਰਲਡ ਪੰਜਾਬੀ ਟਾਈਮਜ਼ ਬਲਵਿੰਦਰ 'ਬਾਲਮ' ਗੁਰਦਾਸਪੁਰ



ਐਡਮਿੰਟਨ, ਕੈਨੇਡਾ 17 ਅਕਤੂਬਰ : ਐਡਮਿੰਟਨ, ਕੈਨੇਡਾ ਦੇ ਖੂਬਸੂਰਤ ਹੋਟਲ ਮੂਨਲਾਈਟ ਵਿਖੇ ਸਾਹਿਤਕਾਰ ਸੁਰਜੀਤ ਕੌਰ ਧਾਲੀਵਾਲ ਨੇ ਆਪਣੇ ਜਨਮਦਿਨ ਦੇ ਸੰਦਰਭ ਵਿੱਚ ਕਵੀ ਦਰਬਾਰ ਕਰਵਾਇਆ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਇਕਾਈ ਐਡਮਿੰਟਨ ਦੇ ਅਧਿਕਾਰੀਆਂ ਨੇ ਮਿਲ ਕੇ ਸ਼ਿਰਕਤ ਕੀਤੀ। ਵਿਸ਼ੇਸ਼ ਤੌਰ ’ਤੇ ਤਸ਼ਰੀਫ਼ ਲਿਆਏ ਮੌਜੂਦਾ ਐੱਮ.ਐੱਲ.ਏ. ਜਸਵੀਰ ਸਿੰਘ ਦਿਓਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਬੋਲਦੇ ਹੋਏ ਸੁਰਜੀਤ ਕੌਰ ਧਾਲੀਵਾਲ ਦੀ ਅਤੀਤ, ਵਰਤਮਾਨ ਅਤੇ ਭਵਿੱਖ ਸ਼ੈਲੀ ਅਤੇ ਸਾਹਿਤਕ ਯਾਤਰਾ ਉੱਪਰ ਵਿਚਾਰ ਰੱਖੇ। ਵਿਸ਼ੇਸ਼ ਤੌਰ ’ਤੇ ਬਲਵਿੰਦਰ ਬਾਲਮ ਅਤੇ ਦਲਬੀਰ ਸਿੰਘ ਰਿਆੜ ਨੇ ਕਿਹਾ ਕਿ ਸੁਰਜੀਤ ਕੌਰ ਧਾਲੀਵਾਲ ਦੀ ਲੇਖਣੀ ਵਿੱਚ ਵਰਤਮਾਨ ਅਤੇ ਅਤੀਤ ਦੀਆਂ ਘਟਨਾਵਾਂ ਤੋਂ ਲੈ ਕੇ ਮਨੁੱਖੀ ਕਦਰਾਂ-ਕੀਮਤਾਂ ਦੀ ਖੁਸ਼ਬੂ ਵੇਖਣ ਨੂੰ ਮਿਲਦੀ ਹੈ।

ਐਡਮਿੰਟਨ ਵਰਗੇ ਵਿਦੇਸ਼ੀ ਸ਼ਹਿਰ ਵਿੱਚ ਰਹਿ ਕੇ ਪੰਜਾਬੀ ਸੱਭਿਆਚਾਰ ਨੂੰ ਜ਼ਿੰਦਾ ਰੱਖਣ ਦੇ ਉਪਰਾਲੇ ਸ਼ਲਾਘਾਯੋਗ ਹਨ। ਖ਼ਾਸ ਤੌਰ ’ਤੇ ਪੰਜਾਬੀ ਔਰਤਾਂ ਦੇ ਸੱਭਿਆਚਾਰਕ ਮੇਲੇ ਕਰਵਾਉਣਾ, ਖੇਡ ਕਿਰਿਆਵਾਂ ਕਰਵਾਉਣਾ, ਕਿਸ਼ੋਰ ਉਮਰ ਦੀਆਂ ਲੜਕੀਆਂ ਤੋਂ ਲੈ ਕੇ 75 ਸਾਲ ਦੀ ਉਮਰ ਤੱਕ ਦੀਆਂ ਮਹਿਲਾਵਾਂ ਦੇ ਖੇਡ ਮੁਕਾਬਲੇ ਕਰਵਾਉਣਾ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਪੰਜਾਬੀਆਂ ਦਾ ਇਕੱਠ ਕਰਨਾ ਸੁਰਜੀਤ ਕੌਰ ਧਾਲੀਵਾਲ ਦੇ ਹਿੱਸੇ ਹੀ ਆਉਂਦਾ ਹੈ।



ਸੱਭਿਆਚਾਰਕ ਕਿਰਿਆਵਾਂ ਵਿੱਚ ਸੁਰਜੀਤ ਕੌਰ ਧਾਲੀਵਾਲ ਐਡਮਿੰਟਨ ਦੀ ਕਾਫ਼ੀ ਨਾਮਚੀਨ ਹਸਤੀ ਹੈ। ਭਵਿੱਖ ਵਿੱਚ ਵੀ ਪੰਜਾਬੀ ਮਾਂ-ਬੋਲੀ, ਪੰਜਾਬੀ ਸੱਭਿਆਚਾਰ ਅਤੇ ਪੰਜਾਬੀਆਂ ਦੇ ਝੰਡੇ ਬੁਲੰਦ ਕਰਦੇ ਰਹਿਣਗੇ। ਸਾਡਾ ਇਨ੍ਹਾਂ ਨੂੰ ਹਮੇਸ਼ਾ ਹੀ ਸਹਿਯੋਗ ਰਹੇਗਾ।

ਜਨਮਦਿਨ ਦੀਆਂ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਪਰਮਾਤਮਾ ਵਾਹਿਗੁਰੂ ਇਨ੍ਹਾਂ ਨੂੰ ਤੰਦਰੁਸਤੀ ਬਖ਼ਸ਼ੇ, ਤਾਂ ਜੋ ਪੰਜਾਬੀ ਸੱਭਿਆਚਾਰ ਦੀ ਹੋਰ ਕਰਮਠਤਾ, ਨਿਸ਼ਠਾ ਅਤੇ ਪਾਰਦਰਸ਼ੀ ਕਿਰਿਆਵਾਂ ਨਾਲ ਸੇਵਾ ਕਰਦੇ ਰਹਿਣ।

ਜਸਵੀਰ ਸਿੰਘ ਦਿਓਲ ਐੱਮ.ਐੱਲ.ਏ. ਨੇ ਸ਼ੁਭਕਾਮਨਾਵਾਂ ਦਿੰਦੇ ਹੋਏ ਸਭਨਾਂ ਦਾ ਧੰਨਵਾਦ ਕੀਤਾ। ਸੁਰਜੀਤ ਕੌਰ ਧਾਲੀਵਾਲ ਨੇ ਵੀ ਸਭਨਾਂ ਦਾ ਪਹੁੰਚਣ ’ਤੇ ਧੰਨਵਾਦ ਕਰਦੇ ਹੋਏ ਕੁਝ ਕਵਿਤਾਵਾਂ ਸੁਣਾਈਆਂ।

ਕਵੀ ਦਰਬਾਰ ਵਿੱਚ ਦਲਬੀਰ ਸਿੰਘ ਰਿਆੜ, ਬਲਵਿੰਦਰ ਬਾਲਮ, ਕੁਲਵਿੰਦਰ ਫੁੱਲ, ਦੀਪਾ ਬੰਡਾਲਾ, ਦਰਸ਼ਨ ਅਣਜਾਣ, ਅਮ੍ਰਿਤਪਾਲ ਸਿੰਘ ਅਮ੍ਰਿਤ, ਮੈਨੇਜਰ ਨਰਿੰਦਰ ਸਿੰਘ ਲੁਬਾਣਾ, ਤੇਜਿੰਦਰਪਾਲ ਸਿੰਘ ਰਿਆੜ, ਸਤਨਾਮ ਸਿੰਘ ਗਾਹਲੇ, ਕਾਰਜ ਸਿੰਘ ਔਲਖ, ਮਾਸਟਰ ਅਜੀਤ ਸਿੰਘ ਖੰਗੂੜਾ, ਗੁਰਨਾਮ ਸਿੰਘ ਅਟਵਾਲ ਅਤੇ ਪਾਰਸ ਮਹੀਨੀਆਂ ਨੇ ਕਵਿਤਾਵਾਂ ਸੁਣਾ ਕੇ ਖੂਬ ਰੰਗ ਭਰਿਆ। ਇਹ ਸਮਾਗਮ ਚਿਰਸਥਾਈ ਯਾਦਾਂ ਛੱਡਦਾ ਸੰਪੰਨ ਹੋਇਆ।

## ਕੱਤਕ ਦੀ ਸੰਗਰਾਂਦ — ਲੇਖ




ਸੰਗਰਾਂਦ ਦਾ ਮਤਲਬ ਹੈ — ਸੂਰਜ ਦਾ ਇੱਕ ਰਾਸ਼ੀ ਤੋਂ ਦੂਜੀ ਰਾਸ਼ੀ ਵਿੱਚ ਪ੍ਰਵੇਸ਼ ਕਰਨਾ। ਜਦੋਂ ਸੂਰਜ ਤੁਲਾ ਰਾਸ਼ੀ ਵਿੱਚ ਪ੍ਰਵੇਸ਼ ਕਰਦਾ ਹੈ, ਤਾਂ ਕੱਤਕ ਦਾ ਮਹੀਨਾ ਸ਼ੁਰੂ ਹੁੰਦਾ ਹੈ। ਕੱਲ੍ਹ ਕੱਤਕ ਦੀ ਸੰਗਰਾਂਦ ਹੈ, ਭਾਵ ਅੱਸੂ ਦਾ ਮਹੀਨਾ ਖਤਮ ਹੋ ਰਿਹਾ ਹੈ ਅਤੇ ਕੱਤਕ ਦਾ ਪਵਿੱਤਰ ਮਹੀਨਾ ਸ਼ੁਰੂ ਹੋ ਰਿਹਾ ਹੈ।

ਸਿੱਖ ਧਰਮ ਵਿੱਚ ਸੰਗਰਾਂਦ ਦਾ ਬਹੁਤ ਮਹੱਤਵ ਹੈ। ਗੁਰੂ ਸਾਹਿਬਾਨ ਨੇ ਸੰਗਰਾਂਦ ਨੂੰ ਸਿਰਫ਼ ਰਸਮ ਨਹੀਂ, ਸਗੋਂ ਆਤਮਾ ਨੂੰ ਜਗਾਉਣ ਦਾ ਦਿਨ ਕਿਹਾ ਹੈ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਜਿਵੇਂ ਮੌਸਮ ਬਦਲਦਾ ਹੈ, ਉਵੇਂ ਹੀ ਸਾਨੂੰ ਵੀ ਆਪਣੇ ਅੰਦਰ ਬਦਲਾਅ ਲਿਆਉਣਾ ਚਾਹੀਦਾ ਹੈ।

ਕੱਤਕ ਮਹੀਨੇ ਦਾ ਮਹੱਤਵ
ਕੱਤਕ ਦਾ ਮਹੀਨਾ ਭਗਤੀ, ਸੇਵਾ ਅਤੇ ਦਾਨ ਦਾ ਮਹੀਨਾ ਮੰਨਿਆ ਜਾਂਦਾ ਹੈ।

ਪੁਰਾਣੇ ਸਮੇਂ ਤੋਂ ਹੀ ਲੋਕ ਇਸ ਮਹੀਨੇ ਵਿੱਚ ਸਵੇਰੇ ਜਲਦੀ ਉੱਠ ਕੇ ਇਸ਼ਨਾਨ ਕਰਦੇ ਆਏ ਹਨ, ਗੁਰਦੁਆਰੇ ਜਾਂਦੇ ਹਨ, ਬਾਣੀ ਪੜ੍ਹਦੇ ਹਨ। ਕਿਹਾ ਜਾਂਦਾ ਹੈ ਕਿ ਕੱਤਕ ਦੀ ਸਵੇਰ ਦੀ ਹਵਾ ਵਿੱਚ ਇੱਕ ਖਾਸ ਤਾਜ਼ਗੀ ਅਤੇ ਸ਼ਾਂਤੀ ਹੁੰਦੀ ਹੈ, ਜੋ ਮਨ ਨੂੰ ਰੱਬ ਵੱਲ ਖਿੱਚਦੀ ਹੈ।

ਵਰਲਡ ਪੰਜਾਬੀ ਟਾਈਮਜ਼ ਸੁਰਜੀਤ ਸਾਰੰਗ

ਗੁਰੂ ਨਾਨਕ ਦੇਵ ਜੀ ਨੇ ਬਾਰਹ ਮਾਹਾ ਵਿੱਚ ਕੱਤਕ ਬਾਰੇ ਫਰਮਾਇਆ ਹੈ:

ਕਤਿਕਿ ਕਰਮ ਕਮਾਵਣੇ ਧੁਰਿ ਮਸਤਕਿ ਲੇਖੁ ਲਿਖਿਆ ॥

ਭਾਵ, ਕੱਤਕ ਵਿੱਚ ਕੀਤੇ ਕਰਮ ਹੀ ਸਾਡੀ ਕਿਸਮਤ ਬਣਾਉਂਦੇ ਹਨ। ਜੋ ਬੀਜਾਂਗੇ, ਉਹੀ ਵੱਢਾਂਗੇ।

ਸੰਗਰਾਂਦ ਵਾਲੇ ਦਿਨ ਕੀ ਕਰਨਾ ਚਾਹੀਦਾ ਹੈ?

ਅੰਮ੍ਰਿਤ ਵੇਲੇ ਉੱਠਣਾ: ਸੰਗਰਾਂਦ ਵਾਲੇ ਦਿਨ ਸਵੇਰੇ ਜਲਦੀ ਉੱਠ ਕੇ ਇਸ਼ਨਾਨ ਕਰੋ ਅਤੇ ਨਾਮ ਜਪੋ।
ਗੁਰਦੁਆਰਾ ਦਰਸ਼ਨ: ਗੁਰਦੁਆਰਾ ਜਾ ਕੇ ਮੱਥਾ ਟੇਕੋ, ਕੀਰਤਨ ਸੁਣੋ ਅਤੇ ਅਰਦਾਸ ਕਰੋ ਕਿ ਨਵਾਂ ਮਹੀਨਾ ਸੁੱਖ-ਸ਼ਾਂਤੀ ਲੈ ਕੇ ਆਵੇ।

ਦਾਨ-ਪੁੰਨ: ਇਸ ਦਿਨ ਲੋੜਵੰਦਾਂ ਨੂੰ ਭੋਜਨ, ਕੱਪੜੇ ਜਾਂ ਪੈਸੇ ਦਾ ਦਾਨ ਕਰਨਾ ਸ਼ੁੱਭ ਮੰਨਿਆ ਜਾਂਦਾ ਹੈ।
ਮਨ ਦੀ ਸਫਾਈ: ਸੰਗਰਾਂਦ ਸਿਰਫ਼ ਕੈਲੰਡਰ ਬਦਲਣ ਦਾ ਦਿਨ ਨਹੀਂ। ਇਹ ਆਪਣੇ ਮਨ ਦੀ ਮੈਲ — ਗੁੱਸਾ, ਈਰਖਾ, ਲੋਭ — ਨੂੰ ਛੱਡਣ ਦਾ ਦਿਨ ਹੈ।

ਕੱਤਕ ਅਤੇ ਗੁਰੂ ਨਾਨਕ ਸਾਹਿਬ
ਕੱਤਕ ਦਾ ਮਹੀਨਾ ਗੁਰੂ ਨਾਨਕ ਦੇਵ ਜੀ ਨਾਲ ਵਿਸ਼ੇਸ਼ ਤੌਰ ਤੇ ਜੁੜਿਆ ਹੋਇਆ ਹੈ। ਇਸੇ ਮਹੀਨੇ ਦੀ ਪੂਰਨਮਾਸ਼ੀ ਨੂੰ ਗੁਰੂ ਨਾਨਕ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾਂਦਾ ਹੈ। ਇਸ ਲਈ ਕੱਤਕ ਦਾ ਪੂਰਾ ਮਹੀਨਾ ਹੀ ਗੁਰੂ ਨਾਨਕ ਸਾਹਿਬ ਦੀ ਯਾਦ ਅਤੇ ਉਹਨਾਂ ਦੀ ਸਿੱਖਿਆ — “ਨਾਮ ਜਪੋ, ਕਿਰਤ ਕਰੋ, ਵੰਡ ਛਕੋ” — ਨੂੰ ਸਮਰਪਿਤ ਹੁੰਦਾ ਹੈ।

ਸਿੱਟਾ
ਕੱਤਕ ਦੀ ਸੰਗਰਾਂਦ ਸਾਨੂੰ ਇਹ ਸਿਖਾਉਂਦੀ ਹੈ ਕਿ ਜ਼ਿੰਦਗੀ ਵਿੱਚ ਹਰ ਨਵੀਂ ਸ਼ੁਰੂਆਤ ਚੰਗੀ ਸੋਚ ਨਾਲ ਕਰਨੀ ਚਾਹੀਦੀ ਹੈ। ਜੇ ਅਸੀਂ ਇਸ ਮਹੀਨੇ ਵਿੱਚ ਹਰ ਰੋਜ਼ ਇੱਕ ਚੰਗਾ ਕੰਮ ਕਰੀਏ, ਕਿਸੇ ਦਾ ਦਿਲ ਨਾ ਦੁਖਾਈਏ, ਮਾਂ-ਬਾਪ ਦੀ ਸੇਵਾ ਕਰੀਏ ਅਤੇ ਰੱਬ ਦਾ ਨਾਮ ਲਈਏ, ਤਾਂ ਸਾਡਾ ਸਾਰਾ ਸਾਲ ਹੀ ਸੰਗਰਾਂਦ ਵਰਗਾ ਪਵਿੱਤਰ ਹੋ ਜਾਵੇਗਾ।

## ਵਿਸ਼ਵ ਭੋਜਨ ਦਿਹਾੜੇ ਮੌਕੇ ਪੀ.ਏ.ਯੂ. ਵਿਚ ਵਿਸ਼ੇਸ਼ ਚਰਚਾ ਸੈਸ਼ਨ ਹੋਇਆ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 17 ਅਕਤੂਬਰ : ਕਮਿਊਨਟੀ ਸਾਇੰਸ ਕਾਲਜ ਦੇ ਭੋਜਨ ਅਤੇ ਪੋਸ਼ਣ ਵਿਭਾਗ ਨੇ ਰਾਸ਼ਟਰੀ ਪੋਸ਼ਣ ਸੁਸਾਇਟੀ ਦੇ ਲੁਧਿਆਣਾ ਚੈਪਟਰ ਦੇ ਸਹਿਯੋਗ ਨਾਲ ਭੋਜਨ ਰਾਹੀਂ ਕੈਂਸਰ ਦੀ ਰੋਕਥਾਮ ਅਤੇ ਸਿਹਤਮੰਦ ਭਵਿੱਖ ਵਿਸ਼ੇ ਤੇ ਇਕ ਭਾਸ਼ਣ ਆਯੋਜਿਤ ਕੀਤਾ| ਇਸ ਭਾਸ਼ਣ ਲਈ ਸੀ ਐੱਮ ਸੀ ਐੱਚ ਲੁਧਿਆਣਾ ਦੇ ਮੁੱਖ ਭੋਜਨ ਵਿਸ਼ੇਸ਼ਗ ਡਾ. ਰੂਮਾ ਸਿੰਘ ਹਾਜ਼ਰ ਸਨ| ਡਾ. ਰੂਮਾ ਸਿੰਘ ਨੇ ਲੋੜੀਂਦੀਆਂ ਭੋਜਨ ਤਕਨੀਕਾਂ ਅਤੇ ਆਦਤਾਂ ਰਾਹੀਂ ਕੈਂਸਰ ਦੀਆਂ ਸੰਭਾਵਨਾਵਾਂ ਘੱਟ ਕਰਨ ਅਤੇ ਸਿਹਤਮੰਦ ਜੀਵਨ ਜੀਣ ਦੇ ਨੁਕਤੇ ਸਾਂਝੇ ਕੀਤੇ| ਉਹਨਾਂ ਨੇ ਵਿਸ਼ਵ ਭੋਜਨ ਦਿਹਾੜੇ ਦੀ ਮਹੱਤਤਾ ਉੱਪਰ ਜ਼ੋਰ ਦਿੰਦਿਆਂ ਸੰਤੁਲਿਤ ਖੁਰਾਕ ਅਤੇ ਪੋਸ਼ਣ ਦੀ ਲੋੜ ਨੂੰ ਸਮਤੋਲ ਵਿਚ ਲਿਆਉਣ ਦੀ ਲੋੜ ਤੇ ਜ਼ੋਰ ਦਿੱਤਾ|





ਕਮਿਊਨਟੀ ਸਾਇੰਸ ਕਾਲਜ ਦੇ ਡਾ. ਕਿਰਨ ਬੈਂਸ ਨੇ ਕਿਹਾ ਕਿ ਅਕਾਦਮਿਕ ਅਤੇ ਸਿਹਤ ਸੰਸਥਾਵਾਂ ਵੱਲੋਂ ਸਾਂਝੇ ਤੌਰ ਤੇ ਯਤਨ ਕਰਕੇ ਸਮਾਜ ਦੀ ਬਿਹਤਰ ਉਸਾਰੀ ਸੰਭਵ ਹੋ ਸਕਦੀ ਹੈ|

ਭੋਜਨ ਅਤੇ ਪੋਸ਼ਣ ਵਿਭਾਗ ਦੇ ਮੁਖੀ ਡਾ. ਹਰਪ੍ਰੀਤ ਕੌਰ ਨੇ ਇਸ ਵਿਚਾਰ-ਚਰਚਾ ਸੈਸ਼ਨ ਲਈ ਮਾਹਿਰ ਮਹਿਮਾਨ ਦਾ ਧੰਨਵਾਦ ਕੀਤਾ| ਸੈਸ਼ਨ ਦੌਰਾਨ ਵਿਭਾਗ ਦੇ ਅਧਿਆਪਕ, ਖੋਜੀ, ਵਿਦਿਆਰਥੀ ਮੌਜੂਦ ਰਹੇ| ਮਾਹਿਰ ਨਾਲ ਸਵਾਲ-ਜਵਾਬਾਂ ਦਾ ਸਿਲਸਿਲਾ ਵੀ ਗਿਆਨ ਵਰਧਕ ਰਿਹਾ|

## ਜਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਦਾ ਸ੍ਰੀਮਤੀ ਰੇਨੂ ਭਗਤ, ਅਸੀਸਟੈਂਟ ਡਾਇਰੈਕਟਰ, ਸੈਂਸਜ ਓਪਰੇਸ਼ਨ ਪੰਜਾਬ ਵੱਲੋਂ ਤਿਆਰੀਆਂ ਦਾ ਲਿਆ ਗਿਆ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, ਅਕਤੂਬਰ 17 : ਸ੍ਰੀਮਤੀ ਰੇਨੂ ਭਗਤ (ਅਸੀਸਟੈਂਟ ਡਾਇਰੈਕਟਰ, ਸੈਂਸਜ ਓਪਰੇਸ਼ਨ ਪੰਜਾਬ) ਵੱਲੋਂ ਮਿਤੀ 17.10.2026 ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਦਫਤਰ ਉਪ ਅਰਥ ਅਤੇ ਅੰਕੜਾ ਸਲਾਹਕਾਰ, ਸੈਂਸਜ ਸੈੱਲ, ਪਟਿਆਲਾ ਵਿਖੇ ਮੀਟਿੰਗ ਕੀਤੀ ਅਤੇ Census-2027 Phase-II (PE) CMMS Portal ਸਬੰਧੀ ਟ੍ਰੇਨਿੰਗ ਦਿੱਤੀ ਗਈ। ਮੀਟਿੰਗ ਵਿੱਚ ਉਪ ਅਰਥ ਅਤੇ ਅੰਕੜਾ ਸਲਾਹਕਾਰ-ਕਮ-ਵਧੀਕ ਜਿਲ੍ਹਾ ਸੈਂਸਜ ਅਫਸਰ ਸ੍ਰੀਮਤੀ ਜਸਵਿੰਦਰ ਕੌਰ ਅਤੇ 15 ਚਾਰਜ ਦਫਤਰਾਂ (6 ਤਹਿਸੀਲ, 5 ਨਗਰ ਕੌਂਸਲ ਅਤੇ 4 ਨਗਰ ਪੰਚਾਇਤਾਂ) ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਭਾਗ ਲਿਆ ਗਿਆ। ਇਸ ਦੌਰਾਨ ਅਸੀਸਟੈਂਟ ਡਾਇਰੈਕਟਰ, ਸੈਂਸਜ ਓਪਰੇਸ਼ਨ ਪੰਜਾਬ ਵੱਲੋਂ ਜਨਗਣਨਾ ਦੇ ਦੂਜੇ ਪੜਾਅ ਦੇ ਮਹੱਤਵਪੂਰਨ ਕੰਮਾਂ ਜਿਵੇਂ ਕਿ HLB ਰਿਵਿਊ, EB ਕਾਰਵਿੰਗ ਅਤੇ ਹੋਰ ਸਹਾਇਕ ਗਤੀਵਿਧੀਆਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਕੋਆਰਡੀਨੇਟਰ, ਚਾਰਜ ਕਲਰਕਾਂ ਅਤੇ ਤਕਨੀਕੀ ਸਹਾਇਕਾਂ (Technical Assistants) ਨੂੰ ਟ੍ਰੇਨਿੰਗ ਦਿੱਤੀ ਗਈ।



ਉਨ੍ਹਾ ਵੱਲੋਂ ਦੱਸਿਆ ਗਿਆ ਕਿ ਇਸ ਵਾਰ ਜਨਗਣਨਾ ਵਿੱਚ ‘ਸੈਲਫ ਇਨੁਮੀਰੇਸ਼ਨ’ (ਸਵੈ-ਗਣਨਾ) ਦੀ ਇੱਕ ਨਵੀਂ ਪਹਿਲ ਕੀਤੀ ਗਈ ਹੈ। ਇਸ ਤਹਿਤ ਕੋਈ ਵੀ ਨਾਗਰਿਕ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਆਨਲਾਈਨ ਮਾਧਿਅਮ ਰਾਹੀਂ ਆਪਣੇ ਪਰਿਵਾਰ ਦੀ ਗਿਣਤੀ ਖੁਦ ਕਰ ਸਕਦਾ ਹੈ। ਇਸ ਤੋਂ ਬਾਅਦ, ਜਨਗਣਨਾ ਦਾ ਦੂਜਾ ਮੁੱਖ ਫੇਸ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਚੱਲੇਗਾ, ਜਿਸ ਵਿੱਚ ਸਰਕਾਰੀ ਗਿਣਤੀਕਾਰ (ਇਨੁਮੀਰੇਟਰ) ਲੋਕਾਂ ਦੇ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਦਾ ਕੰਮ ਮੁਕੰਮਲ ਕਰਨਗੇ।

ਮਾਨਯੋਗ ਡਿਪਟੀ ਕਮਿਸ਼ਨਰ ਜੀ ਅਤੇ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਪਟਿਆਲਾ ਜੀ ਵੱਲੋਂ ਜਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ-2027 ਦੇ ਇਸ ਮਹੱਤਵਪੂਰਨ ਕੰਮ ਵਿਚ ਪੂਰਨ ਸਹਿਯੋਗ ਕਰਨ ਦੀ ਕੀਤੀ ਅਪੀਲ।

## ਜ਼ਿਲ੍ਹਾ ਮੋਹਾਲੀ ਦਾ ਆਨ ਲਾਈਨ ਬਾਲ ਕਵੀ ਦਰਬਾਰ ਆਯੋਜਿਤ

ਵਰਲਡ ਪੰਜਾਬੀ ਟਾਈਮਜ਼







ਸਰੀ ਅਕਤੂਬਰ 17 : ਪੰਜਾਬ ਭਵਨ, ਸਰੀ (ਕੈਨੇਡਾ) ਵਲੋਂ ਚਲਾਏ ਜਾ ਰਹੇ ਪ੍ਰਾਜੈਕਟ ਨਵੀਆਂ ਕਲਮਾਂ ਨਵੀ ਉਡਾਣ ਅਧੀਨ ਜ਼ਿਲ੍ਹਾ ਮੋਹਾਲੀ ਦੇ ਬਾਲ ਕਵੀਆਂ ਲਈ ਇਕ ਹੋਰ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ।ਰਾਵੀ, ਬਰਿੰਦਰ, ਰਾਧਾ, ਅੰਮ੍ਰਿਤ, ਜਸਮੀਤ, ਸਿਮਰਨਪ੍ਰੀਤ, ਖੁਸ਼ਮੀਤ, ਰੀਮਾ, ਸਿਮਰਪ੍ਰੀਤ, ਰਾਧਿਕਾ, ਮੀਰਾ ਅਤੇ ਹਰਨੂਰ ਵਰਗੇ ਬਾਲ ਕਵੀਆਂ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਪ੍ਰੋਗਰਾਮ ਦੇ ਸ਼ੁਰੂ ਵਿੱਚ ਪ੍ਰਾਜੈਕਟ ਦੇ ਜ਼ਿਲ੍ਹਾ ਮੋਹਾਲੀ ਪ੍ਰਧਾਨ ਡਾ. ਸੁਰਿੰਦਰ ਕੁਮਾਰ ਜਿੰਦਲ ਨੇ ਸਭਨਾਂ ਨੂੰ ਜੀ ਆਇਆਂ ਆਖਿਆ।

ਪੁਡੂਚੇਰੀ ਯੂਨੀਵਰਸਿਟੀ, ਪੁਡੂਚੇਰੀ ਦੇ ਭੌਤਿਕ ਵਿਗਿਆਨੀ ਡਾ. ਬੀਰਬਿਕਰਮ ਸਿੰਘ ਇਸ ਕਵੀ ਦਰਬਾਰ ਦੇ ਮੁੱਖ ਮਹਿਮਾਨ ਸਨ। ਉਨ੍ਹਾਂ ਨੇ ਬੱਚਿਆਂ ਦੀ ਪੇਸ਼ਕਾਰੀ ਉੱਪਰ ਆਪਣੀ ਦਿਲੀ ਖੁਸ਼ੀ ਇਜ਼ਹਾਰ ਕੀਤੀ ਅਤੇ ਕਿਹਾ ਕਿ ਵਿਦਿਆਰਥੀ-ਜੀਵਨ ਤੋਂ ਹੀ ਜੇਕਰ ਅਸੀਂ ਮਾਂ-ਬੋਲੀ ਪੰਜਾਬੀ ਨਾਲ ਜੁੜਦੇ ਹਾਂ ਤਾਂ ਮਾਂ-ਬੋਲੀ ਦੇ ਲਈ ਇਹ ਬਹੁਤ ਵਧੀਆ ਹੋਵੇਗਾ। ਬਾਲ ਕਵੀਆਂ ਦੀਆਂ ਪੇਸ਼ਕਾਰੀਆਂ ਨੂੰ ਉਨ੍ਹਾਂ ਨੇ ਬਰੀਕੀ ਨਾਲ ਸੁਣ ਕੇ ਆਪਣੇ ਵਿਚਾਰ ਰੱਖੇ। ਉਨ੍ਹਾਂ ਖੁਦ ਵੀ ਸੁਰਜੀਤ ਪਾਤਰ ਦੀ ਰਚਨਾ ਸੁਣਾਈ ਅਤੇ ਸਭ ਨੂੰ ਮੰਤਰ ਮੁਗਧ ਕਰ ਲਿਆ।

ਪ੍ਰਾਜੈਕਟ ਦੇ ਅੰਤਰਰਾਸ਼ਟਰੀ ਕੋਆਰਡੀਨੇਟਰ ਉਂਕਾਰ ਸਿੰਘ ਤੇਜੇ ਨੇ ਇਸ ਪ੍ਰਾਜੈਕਟ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸੰਸਾਰ ਦੇ ਚੌਦਾਂ ਮੁਲਕਾਂ ਵਿੱਚ ਸੋਲਾਂ ਹਜ਼ਾਰ ਤੋਂ ਜ਼ਿਆਦਾ ਬਾਲ ਲੇਖਕ ਇਸ ਮੁਹਿੰਮ ਨਾਲ ਜੁੜ ਚੁੱਕੇ ਹਨ ਅਤੇ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਹੋ ਕੇ ਕੰਮ ਕਰ ਰਹੇ ਹਨ। ਗੁਰਦਾਸਪੁਰ ਅਤੇ ਸੰਗਰੂਰ ਤੋਂ ਪ੍ਰਾਜੈਕਟ ਦੇ ਜ਼ਿਲ੍ਹਾ ਦੇ ਪ੍ਰਧਾਨਾਂ
ਨੇ ਵੀ ਆਪਣੀ ਹਾਜ਼ਰੀ ਲਵਾਈ ਅਤੇ ਬੱਚਿਆਂ ਦੁਆਰਾ ਵਿਭਿੰਨ ਮੁੱਦਿਆਂ ਉੱਤੇ ਪੇਸ਼ ਕੀਤੀਆਂ ਰਚਨਾਵਾਂ ਲਈ ਸਭ ਨੂੰ ਵਧਾਈ ਦਿੱਤੀ। ਮੋਹਾਲੀ ਟੀਮ ਦੇ ਮੈਂਬਰਾਂ ਨੂੰ ਲਖਵੀਰ ਕੌਰ, ਗੁਤਿੰਦਰ ਕੌਰ ਅਤੇ ਰਾਜਿੰਦਰ ਕੌਰ ਨੇ ਵੀ ਆਪਣੇ ਵਿਚਾਰ ਰੱਖੇ।

## ਸਰਕਾਰੀ ਪੌਲੀਟੈਕਨਿਕ ਕਾਲਜ, ਲੁਧਿਆਣਾ ਵੱਲੋਂ ਖੇਤਰੀ ਉਦਯੋਗ–ਅਕਾਦਮਿਕ ਸੰਮੇਲਨ 2026 ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 17 ਅਕਤੂਬਰ : ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ (PSBTE), ਪੰਜਾਬ ਨੇ ਸਰਕਾਰੀ ਪੌਲੀਟੈਕਨਿਕ ਕਾਲਜ, ਲੁਧਿਆਣਾ ਦੇ ਸਹਿਯੋਗ ਨਾਲ ਸਰਕਾਰੀ ਪੌਲੀਟੈਕਨਿਕ ਕਾਲਜ, ਲੁਧਿਆਣਾ ਵਿਖੇ ਖੇਤਰੀ ਉਦਯੋਗ–ਅਕਾਦਮਿਕ ਸੰਮੇਲਨ 2026 ਦਾ ਆਯੋਜਨ ਕੀਤਾ। ਇਸ ਸੰਮੇਲਨ ਦਾ ਉਦੇਸ਼ ਤਕਨੀਕੀ ਸਿੱਖਿਆ ਸੰਸਥਾਵਾਂ ਅਤੇ ਉਦਯੋਗਾਂ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨਾ ਅਤੇ ਵਿਦਿਆਰਥੀਆਂ ਲਈ ਰੋਜ਼ਗਾਰ ਦੇ ਬਿਹਤਰ ਮੌਕੇ ਪੈਦਾ ਕਰਨਾ ਸੀ।

ਇਸ ਮੌਕੇ ਪ੍ਰੋਫੈਸਰ (ਡਾ.) ਸੰਦੀਪ ਕਾਂਸਲ ਚੇਅਰਮੈਨ ਪੰਜਾਬ ਬੋਰਡ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ, ਵਿਸ਼ੇਸ਼ ਮਹਿਮਾਨ ਵਜੋਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਸੰਮੇਲਨ ਵਿੱਚ ਵੱਖ-ਵੱਖ ਸਰਕਾਰੀ ਤਕਨੀਕੀ ਸੰਸਥਾਵਾਂ ਦੇ ਪ੍ਰਿੰਸੀਪਲਾਂ, ਉਦਯੋਗਾਂ ਦੇ ਨੁਮਾਇੰਦਿਆਂ, ਸਿੱਖਿਆ ਸ਼ਾਸਤਰੀਆਂ, ਫੈਕਲਟੀ ਮੈਂਬਰਾਂ ਅਤੇ ਹੋਰ ਪਤਵੰਤੇ ਸੱਜਣਾਂ ਨੇ ਭਾਗ ਲਿਆ।

ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰੋਫੈਸਰ (ਡਾ.) ਸੰਦੀਪ ਕਾਂਸਲ ਚੇਅਰਮੈਨ ਪੰਜਾਬ ਬੋਰਡ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ ਨੇ ਕਿਹਾ ਕਿ ਪੰਜਾਬ ਵਿੱਚ ਤਕਨੀਕੀ ਸਿੱਖਿਆ ਤਰੱਕੀ ਕਰ ਰਹੀ ਹੈ ਅਤੇ ਇਸ ਦੀ ਗੁਣਵੱਤਾ ਤੇ ਪ੍ਰਸੰਗਿਕਤਾ ਨੂੰ ਹੋਰ ਬਿਹਤਰ ਬਣਾਉਣ ਲਈ ਉਦਯੋਗਾਂ ਨਾਲ ਲਗਾਤਾਰ ਸੰਪਰਕ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੰਮੇਲਨ ਦੌਰਾਨ ਹੋਏ ਵਿਚਾਰ-ਵਟਾਂਦਰੇ ਨਾਲ ਬੋਰਡ ਨੂੰ ਉਦਯੋਗਾਂ ਦੀਆਂ ਉਮੀਦਾਂ ਸਮਝਣ ਅਤੇ ਉਭਰਦੀਆਂ ਉਦਯੋਗਿਕ ਲੋੜਾਂ ਅਨੁਸਾਰ ਸਿਲੇਬਸ ਤੇ ਪਾਠਕ੍ਰਮ




ਵਿੱਚ ਲੋੜੀਂਦੇ ਸੁਧਾਰ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਅਨੁਸਾਰ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਨੂੰ ਲੋੜੀਂਦੇ ਹੁਨਰਾਂ ਨਾਲ ਲੈਸ ਕਰਕੇ ਉਨ੍ਹਾਂ ਲਈ ਕਰੀਅਰ ਦੇ ਬਿਹਤਰ ਮੌਕੇ ਤਿਆਰ ਕਰਨਗੀਆਂ।

ਡਾ. ਭਾਰਤ ਨਰੇਸ਼ ਬਾਂਸਲ, ਡਾਇਰੈਕਟਰ ਅਕਾਦਮਿਕਸ, PSBTE ਨੇ ਕਿਹਾ ਕਿ ਉਦਯੋਗਾਂ ਲਈ ਤਿਆਰ ਮਨੁੱਖੀ ਸਰੋਤ ਵਿਕਸਿਤ ਕਰਨ ਵਾਸਤੇ ਸਿੱਖਿਆ ਸੰਸਥਾਵਾਂ ਅਤੇ ਉਦਯੋਗਾਂ ਵਿਚਕਾਰ ਨੇੜਲਾ ਤਾਲਮੇਲ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਵਿਹਾਰਕ ਤਜਰਬੇ, ਨਵੇਂ ਤਕਨੀਕੀ ਹੁਨਰਾਂ ਅਤੇ ਵਿਦਿਆਰਥੀਆਂ ਨੂੰ ਉਦਯੋਗਿਕ ਮਾਹਿਰਾਂ ਨਾਲ ਗੱਲਬਾਤ ਕਰਨ ਦੇ ਵਧੇਰੇ ਮੌਕੇ ਦੇਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਸੰਮੇਲਨ ਦੌਰਾਨ ਵੱਖ-ਵੱਖ ਉਦਯੋਗਾਂ ਦੀ ਨੁਮਾਇੰਦਗੀ ਕਰ ਰਹੇ ਪੈਨਲ ਮੈਂਬਰਾਂ ਨੇ ਉਦਯੋਗਿਕ ਖੇਤਰ ਦੀਆਂ ਬਦਲਦੀਆਂ ਲੋੜਾਂ ਬਾਰੇ ਆਪਣੇ ਵਿਚਾਰ ਅਤੇ ਵਿਹਾਰਕ ਤਜਰਬੇ ਸਾਂਝੇ ਕੀਤੇ। ਅਕਾਦਮਿਕ ਖੇਤਰ ਅਤੇ ਉਦਯੋਗ ਵਿਚਕਾਰ ਪਾੜਾ ਘਟਾਉਣ, ਵਿਦਿਆਰਥੀਆਂ ਦੇ ਤਕਨੀਕੀ ਅਤੇ ਸਾਫਟ ਸਕਿਲਜ਼ ਵਿੱਚ ਸੁਧਾਰ ਕਰਨ, ਵਿਹਾਰਕ ਸਿਖਲਾਈ ਅਤੇ ਇੰਟਰਨਸ਼ਿਪ ਨੂੰ ਮਜ਼ਬੂਤ ਬਣਾਉਣ, ਉਦਯੋਗ ਦੀਆਂ ਲੋੜਾਂ ਅਨੁਸਾਰ ਪਾਠਕ੍ਰਮ ਅਪਡੇਟ ਕਰਨ ਅਤੇ ਤਕਨੀਕੀ ਸਿੱਖਿਆ ਦੇ ਵਿਦਿਆਰਥੀਆਂ ਲਈ ਰੋਜ਼ਗਾਰ ਤੇ ਪਲੇਸਮੈਂਟ ਦੇ ਹੋਰ ਮੌਕੇ ਪੈਦਾ ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਭਾਗ ਲੈਣ ਵਾਲੇ ਉਦਯੋਗਪਤੀਆਂ ਅਤੇ ਪਤਵੰਤੇ ਸੱਜਣਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਤਕਨੀਕੀ ਸੰਸਥਾਵਾਂ ਨਾਲ ਸਹਿਯੋਗ ਹੋਰ ਮਜ਼ਬੂਤ ਕਰਨ ਦੀ ਇੱਛਾ ਪ੍ਰਗਟਾਈ। ਉਨ੍ਹਾਂ ਜ਼ੋਰ ਦਿੱਤਾ ਕਿ ਉਦਯੋਗਿਕ ਨੁਮਾਇੰਦਿਆਂ, ਸਿੱਖਿਆ ਸ਼ਾਸਤਰੀਆਂ ਅਤੇ ਵਿਦਿਆਰਥੀਆਂ ਵਿਚਕਾਰ ਨਿਯਮਿਤ ਸੰਵਾਦ ਸੰਸਥਾਵਾਂ ਨੂੰ ਕਰਮਚਾਰੀਆਂ ਦੀਆਂ ਉਭਰਦੀਆਂ ਲੋੜਾਂ ਸਮਝਣ ਅਤੇ ਵਿਦਿਆਰਥੀਆਂ ਨੂੰ ਰੋਜ਼ਗਾਰ ਨਾਲ ਸਿੱਧੇ ਤੌਰ 'ਤੇ ਸੰਬੰਧਿਤ ਹੁਨਰ ਹਾਸਲ ਕਰਨ ਵਿੱਚ ਮਦਦ ਕਰ ਸਕਦਾ ਹੈ।

ਪ੍ਰੋਗਰਾਮ ਵਿੱਚ ਪ੍ਰਿੰਸੀਪਲ, ਸਰਕਾਰੀ ਪੌਲੀਟੈਕਨਿਕ ਕਾਲਜ, ਬਹਿਰਾਮ, ਪ੍ਰਿੰਸੀਪਲ, ਸਰਕਾਰੀ ਪੌਲੀਟੈਕਨਿਕ ਕਾਲਜ, ਖੂਨੀਮਾਜਰਾ; ਪ੍ਰਿੰਸੀਪਲ, ਸਰਕਾਰੀ ਪੌਲੀਟੈਕਨਿਕ ਕਾਲਜ, ਰਣਵਾਂ, ਪ੍ਰਿੰਸੀਪਲ, ਪ੍ਰਿੰਸੀਪਲ, GITCKT, ਲੁਧਿਆਣਾ, ਪ੍ਰਿੰਸੀਪਲ, ਸਰਕਾਰੀ ਪੌਲੀਟੈਕਨਿਕ ਕਾਲਜ, ਬਠਿੰਡਾ, ਅਤੇ ਪ੍ਰਿੰਸੀਪਲ, ਸਰਕਾਰੀ ਪੌਲੀਟੈਕਨਿਕ ਕਾਲਜ, ਰੋਪੜ ਸਮੇਤ ਹੋਰ ਪ੍ਰਿੰਸੀਪਲਾਂ, ਫੈਕਲਟੀ ਮੈਂਬਰਾਂ, ਉਦਯੋਗਿਕ ਨੁਮਾਇੰਦਿਆਂ ਅਤੇ ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ।

ਇਸ ਸੰਮੇਲਨ ਨੇ ਵਿਚਾਰ ਸਾਂਝੇ ਕਰਨ ਅਤੇ ਤਕਨੀਕੀ ਸਿੱਖਿਆ ਨੂੰ ਉਦਯੋਗਾਂ ਦੀਆਂ ਲੋੜਾਂ ਅਨੁਸਾਰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਿਹਾਰਕ ਕਦਮਾਂ ਦੀ ਪਛਾਣ ਕਰਨ ਵਾਸਤੇ ਇੱਕ ਉਪਯੋਗੀ ਮੰਚ ਪ੍ਰਦਾਨ ਕੀਤਾ। ਭਾਗ ਲੈਣ ਵਾਲੀਆਂ ਸੰਸਥਾਵਾਂ ਅਤੇ ਉਦਯੋਗਿਕ ਨੁਮਾਇੰਦਿਆਂ ਨੇ ਸਿਫ਼ਾਰਸ਼ਾਂ ਨੂੰ ਅੱਗੇ ਵਧਾਉਣ ਅਤੇ ਉਦਯੋਗ–ਅਕਾਦਮਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

ਇੰਜੀ. ਮਨੋਜ ਕੁਮਾਰ ਜਾਂਬਲਾ, ਪ੍ਰਿੰਸੀਪਲ, ਐੱਸ.ਆਰ.ਐੱਸ. ਸਰਕਾਰੀ ਪੌਲੀਟੈਕਨਿਕ ਕਾਲਜ, ਲੁਧਿਆਣਾ ਨੇ ਧੰਨਵਾਦ ਮਤਾ ਪੇਸ਼ ਕਰਦਿਆਂ ਸੈਸ਼ਨ ਦੀ ਸਮਾਪਤੀ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਮਹਿਮਾਨ, PSBTE ਦੀ ਅਗਵਾਈ, ਭਾਗ ਲੈਣ ਵਾਲੇ ਪ੍ਰਿੰਸੀਪਲਾਂ, ਉਦਯੋਗਪਤੀਆਂ, ਪੈਨਲ ਮੈਂਬਰਾਂ, ਫੈਕਲਟੀ ਮੈਂਬਰਾਂ ਅਤੇ ਸਾਰੇ ਮਹਿਮਾਨਾਂ ਦਾ ਸੰਮੇਲਨ ਦੇ ਸਫਲ ਆਯੋਜਨ ਵਿੱਚ ਕੀਮਤੀ ਭਾਗੀਦਾਰੀ ਅਤੇ ਯੋਗਦਾਨ ਲਈ ਧੰਨਵਾਦ ਕੀਤਾ।

## ਜ਼ਿਲ੍ਹਾ ਪੱਧਰੀ ਐਥਲੈਟਿਕ ਮੀਟ ਵਿੱਚ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

### 7 ਸੋਨੇ, 2 ਚਾਂਦੀ ਅਤੇ 17 ਕਾਂਸੀ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਮ ਕੀਤਾ ਰੌਸ਼ਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 17 ਅਕਤੂਬਰ : ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਜੀਵਨ ਵਾਲਾ-ਘਣੀਏ ਵਾਲਾ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਐਥਲੈਟਿਕ ਮੀਟ 2026–27 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ। ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।



ਇਸ ਐਥਲੈਟਿਕ ਮੀਟ ਦੌਰਾਨ ਸਕੂਲ ਦੇ ਖਿਡਾਰੀਆਂ ਨੇ 7 ਸੋਨੇ ਦੇ ਤਗਮੇ, 2 ਚਾਂਦੀ ਦੇ ਤਗਮੇ ਅਤੇ 17 ਕਾਂਸੀ ਦੇ ਤਗਮੇ, ਕੁੱਲ 26 ਤਗਮੇ ਜਿੱਤ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ। ਇਹ ਸਫ਼ਲਤਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਲਗਨ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ। ਖਿਡਾਰੀਆਂ ਨੇ ਸਾਬਤ ਕਰ ਦਿੱਤਾ ਕਿ ਲਗਾਤਾਰ ਅਭਿਆਸ ਅਤੇ ਦ੍ਰਿੜ੍ਹ ਇਰਾਦੇ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਸ. ਸੁਖਜਿੰਦਰ ਸਿੰਘ, ਚੇਅਰਪਰਸਨ ਸ੍ਰੀਮਤੀ ਚਰਨਜੀਤ ਕੌਰ ਗਿੱਲ ਅਤੇ ਮੈਨੇਜਰ ਸ੍ਰੀਮਤੀ ਦਲਜੀਤ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਖੇਡਾਂ ਦੀ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ, ਖੇਡਾਂ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰਨ ਅਤੇ ਸਕੂਲ ਤੇ ਇਲਾਕੇ ਦਾ ਨਾਮ ਹੋਰ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। "ਖੇਡਾਂ ਸਿਰਫ਼ ਜਿੱਤਣ ਦਾ ਸਾਧਨ ਨਹੀਂ, ਸਗੋਂ ਅਨੁਸ਼ਾਸਨ, ਹੌਸਲੇ, ਮਿਹਨਤ ਅਤੇ ਟੀਮ ਭਾਵਨਾ ਦੀ ਅਸਲ ਪਹਿਚਾਣ ਹਨ।" ਸਕੂਲ ਪ੍ਰਬੰਧਕ ਕਮੇਟੀ ਨੇ ਆਸ ਪ੍ਰਗਟਾਈ ਕਿ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਵੀ ਆਪਣੀ ਮਿਹਨਤ ਅਤੇ ਪ੍ਰਤਿਭਾ ਨਾਲ ਨਵੀਆਂ ਪ੍ਰਾਪਤੀਆਂ ਹਾਸਲ ਕਰਦੇ ਰਹਿਣਗੇ।

## ਖੇਤੀਬਾੜੀ ਵਿਭਾਗ ਪਟਿਆਲਾ ਵੱਲੋਂ ਮਨਾਇਆ ਗਿਆ ਕਿਸਾਨ ਮਹਿਲਾ ਦਿਵਸ: ਮੁੱਖ ਖੇਤੀਬਾੜੀ ਅਫਸਰ, ਪਟਿਆਲਾ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 17 ਅਕਤੂਬਰ: ਖੇਤੀਬਾੜੀ ਵਿਭਾਗ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਪਟਿਆਲਾ ਵੱਲੋਂ ਮਾਨਯੋਗ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ ਵਿਸਥਾਰ ਅਤੇ ਸਿਖਲਾਈ ਡਾ. ਕਰਨਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਮਿਤੀ 15.10.2026 ਦਿਨ ਵੀਰਵਾਰ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਦੇ ਸਹਿਯੋਗ ਨਾਲ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵਿਖੇ ਮਹਿਲਾ ਕਿਸਾਨ ਦਿਵਸ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਪਟਿਆਲਾ ਜਿਲ੍ਹੇ ਦੇ ਵੱਖ—ਵੱਖ ਪਿੰਡਾਂ ਤੋਂ ਕਿਸਾਨ ਮਹਿਲਾਵਾਂ ਅਤੇ ਲੜਕੀਆਂ ਨੇ




ਭਾਗ ਲਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਡਾ. ਪਰਮਜੀਤ ਕੌਰ ਨੇ ਆਈਆਂ ਕਿਸਾਨ ਮਹਿਲਾਵਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਖੇਤੀ ਵਿਚ ਬੀਜਾਂ ਦੀ ਸਾਂਭਸੰਭਾਲ, ਫਸਲਾਂ ਦੀ ਬਿਜਾਈ, ਪਸ਼ੂਆਂ ਦੀ ਸਾਂਭ ਸੰਭਾਲ, ਫਲ ਸਬਜੀਆਂ ਦੀ ਕਾਸ਼ਤ, ਪ੍ਰੋਸੈਸਿੰਗ, ਮੱਛੀ ਪਾਲਣ ਅਤੇ ਹੋਰ ਸਹਾਇਕ ਧੰਦਿਆਂ ਵਿਚ ਔਰਤਾਂ ਦੀ ਭਰਪੂਰ ਹਿੱਸੇਦਾਰੀ ਰਹਿੰਦੀ ਹੈ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਵਿਚ ਚੱਲ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ। ਇਸ ਮੌਕੇ ਸੀਨੀਅਰ ਮੱਛੀ ਪਾਲਣ ਅਫਸਰ ਡਾ. ਵੀਰਪਾਲ ਕੌਰ ਨੇ ਕਿਹਾ ਕਿ ਮੱਛੀ ਪਾਲਣ ਵਿਚ ਔਰਤਾਂ ਦਾ ਅਹਿਮ ਯੋਗਦਾਨ ਹੁੰਦਾ ਹੈ ਅਤੇ ਉਹਨਾਂ ਦੇ ਮੱਛੀ ਪਾਲਣ ਵਿਭਾਗ ਦੀਆਂ ਚੱਲ ਰਹੀਆਂ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੇ.ਵੀ.ਕੇ. ਪਟਿਆਲਾ ਦੇ ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਭੀਖੀ ਨੇ ਦਸਿਆ ਕਿ ਕਿਸਾਨ ਮਹਿਲਾਵਾਂ ਲਈ ਚਲਾਏ ਜਾਂਦੇ ਕਿੱਤਾਮੁੱਖੀ ਸਿਖਲਾਈ ਪ੍ਰੋਗਰਾਮਾਂ ਅਤੇ ਹੋਰ ਸਹੂਲਤਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਇਸ ਮੌਕੇ ਉਹਨਾਂ ਨੇ ਸ਼ਹਿਦ ਦੀ ਮਹੱਤਤਾ ਬਾਰੇ ਅਤੇ ਸ਼ੁੱਧਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਡਾ. ਗੁਰਉਪਦੇਸ਼ ਕੌਰ ਨੇ ਦਸਿਆ ਕਿ ਸੰਯੁਕਤ ਰਾਸ਼ਟਰ ਨੇ 2026 ਨੂੰ ਮਹਿਲਾ ਕਿਸਾਨਾਂ ਦਾ ਅੰਤਰਰਾਸ਼ਟਰੀ ਸਾਲ ਐਲਾਨਿਆ ਹੈ। ਉਹਨਾਂ ਦਸਿਆ ਕਿ ਪੰਜਾਬ ਵਿਚ ਖੇਤੀ ਦੇ ਧੰਦੇ ਨੂੰ ਮਰਦਾਂ ਦੇ ਧੰਦੇ ਵਜੋਂ ਵੇਖਿਆ ਗਿਆ ਹੈ ਪਰ ਫਿਰ ਵੀ ਖੇਤੀ ਸੰਦਾਂ ਵਿਚ ਹੱਥ ਵਟਾਉਂਦੀਆਂ ਔਰਤਾਂ ਸਾਡੇ ਸਮਾਜ ਦੇ ਆਰਥਿਕ ਤੰਤਰ ਦੀ ਰੀੜ ਦੀ ਹੱਡੀ ਹਨ। ਉਹਨਾਂ ਦੇ ਹੱਡ ਭੰਨਵੇਂ ਕੰਮਾਂ ਨੂੰ ਸੁਖਾਲਾ ਕਰਨ ਵਾਲੇ ਸੰਦਾਂ ਜਿਵੇਂ ਕਿ ਰਿੰਗ ਕਟਰ, ਘੁੰਮਦੀ ਪੀੜੀ, ਸਬਜੀਆਂ ਨੂੰ ਤੋੜਨ ਲਈ ਦਸਤਾਨੇ ਅਤੇ ਹਲਦੀ ਪੁੱਟਣ ਵਾਲੇ ਸੰਦ ਬਾਰੇ ਜਾਣਕਾਰੀ ਦਿੱਤੀ ਅਤੇ ਦਸਿਆ ਕਿ ਇਹਨਾਂ ਸੰਦਾਂ ਦੀ ਵਰਤੋਂ ਕਰਨ ਨਾਲ ਸਰੀਰਕ ਤਣਾਅ ਘੱਟ ਮਹਿਸੂਸ ਹੁੰਦਾ ਹੈ। ਡਾ. ਰਜਨੀ ਗੋਇਲ ਨੇ ਭੋਜਨ ਪ੍ਰੋਸੈਸਿੰਗ ਬਾਰੇ ਜਾਣਕਾਰੀ ਦਿੱਤੀ। ਡਾ. ਰਚਨਾ ਸਿੰਗਲਾ ਨੇ ਖੁੰਭਾ ਦੀ ਕਾਸ਼ਤ ਅਤੇ ਘਰੇਲੂ ਬਗੀਚੀ ਦੀ ਵਿਉਂਤਬੰਦੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਅਗਾਂਹਵਧੂ ਕਿਸਾਨ ਮਹਿਲਾਵਾਂ ਸ਼੍ਰੀਮਤੀ ਭਿੰਦਰ ਕੌਰ, ਸ਼੍ਰੀਮਤੀ ਕੁਲਵਿੰਦਰ ਕੌਰ, ਸ਼੍ਰੀਮਤੀ ਮਾਲਾ ਕੁਮਾਰੀ, ਸ਼੍ਰੀਮਤੀ ਹਰਜੀਤ ਕੌਰ, ਸ਼੍ਰੀਮਤੀ ਮੀਨਾ ਰਾਣੀ ਅਤੇ ਸ਼੍ਰੀਮਤੀ ਕੁਲਵਿੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ ਅਤੇ ਇਹਨਾਂ ਕਿਸਾਨ ਮਹਿਲਾਵਾਂ ਵੱਲੋਂ ਸਹਾਇਕ ਧੰਦਿਆਂ ਦੇ ਨਾਲ ਨਾਲ ਆਪਣੇ ਤਜਰਬੇ ਸਾਂਝੇ ਕੀਤੇ ਗਏ।

## ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਫ਼ਲਤਾ ਉਤਸਵ ਮਨਾਇਆ

### ਖੇਤਰੀ ਯੁਵਕ ਮੇਲੇ, ਜ਼ਿਲ੍ਹਾ ਪੱਧਰੀ ਸਾਹਿਤ ਪ੍ਰਸ਼ਨੋਤਰੀ ਮੁਕਾਬਲਿਆਂ ਅਤੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ

ਵਰਲਡ ਪੰਜਾਬੀ ਟਾਈਮਜ਼




ਫ਼ਰੀਦਕੋਟ, 17 ਅਕਤੂਬਰ : ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਵਿਖੇ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਦੀਆਂ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਨੂੰ ਸਮਰਪਿਤ ਸਫ਼ਲਤਾ ਉਤਸਵ ਅਤੇ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਤਰੀ ਯੁਵਕ ਮੇਲੇ, ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਾਹਿਤ ਪ੍ਰਸ਼ਨੋਤਰੀ ਮੁਕਾਬਲਿਆਂ, ਖੇਡਾਂ ਵਤਨ ਪੰਜਾਬ ਦੀਆਂ ਅਤੇ ਟੀਚਿੰਗ ਏਡ ਮੁਕਾਬਲਿਆਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ।

ਸਮਾਗਮ ਵਿੱਚ ਮਹਾਤਮਾ ਗਾਂਧੀ ਸੀਨੀਅਰ ਸੈਕੰਡਰੀ ਸਕੂਲ, ਫ਼ਰੀਦਕੋਟ ਦੇ ਪ੍ਰਿੰਸੀਪਲ ਸ੍ਰੀ ਕੁਮਾਰ ਜਗਦੇਵ ਸਿੰਘ ਬਰਾੜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਚਰਨਜੀਤ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਕੀਤੀ।

ਇਸ ਮੌਕੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀਆਂ ਇਹ ਪ੍ਰਾਪਤੀਆਂ ਉਨ੍ਹਾਂ ਦੀ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ, ਸਾਹਿਤਕ ਅਤੇ ਖੇਡ ਗਤੀਵਿਧੀਆਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਅਜਿਹੇ ਮੁਕਾਬਲੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੇ ਅਮੀਰ ਸੱਭਿਆਚਾਰ ਅਤੇ ਵਿਰਸੇ ਨਾਲ ਵੀ ਜੋੜਦੇ ਹਨ। ਉਨ੍ਹਾਂ ਹੋਰਨਾਂ ਵਿਦਿਆਰਥੀਆਂ ਨੂੰ ਵੀ ਕਾਲਜ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਯੂਥ ਕੋਆਰਡੀਨੇਟਰ ਪ੍ਰੋ. ਮਨਵਿੰਦਰ ਕੌਰ, ਸਹਾਇਕ ਯੂਥ ਕੋਆਰਡੀਨੇਟਰ ਪ੍ਰੋ. ਬੀਰਇੰਦਰਜੀਤ ਸਿੰਘ ਅਤੇ ਪ੍ਰੋ. ਜਸਬੀਰ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਰਾਮਪੁਰਾ ਫੂਲ, ਬਠਿੰਡਾ ਵਿਖੇ ਕਰਵਾਏ ਗਏ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਤਰੀ ਯੁਵਕ ਮੇਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਰਵਾਇਤੀ ਪਹਿਰਾਵਾ ਪ੍ਰਦਰਸ਼ਨੀ ਵਿੱਚ ਦਵਿੰਦਰ ਸਿੰਘ, ਵਾਦ-ਵਿਵਾਦ ਮੁਕਾਬਲੇ ਵਿੱਚ ਪ੍ਰਿਯੰਕਾ ਅਤੇ ਮਿੱਟੀ ਦੇ ਖਿਡੌਣੇ ਬਣਾਉਣ ਦੇ ਮੁਕਾਬਲੇ ਵਿੱਚ ਜਸਵੀਰ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਕਵੀਸ਼ਰੀ ਮੁਕਾਬਲੇ ਵਿੱਚ ਜਸਪਿੰਦਰ ਕੌਰ, ਜਸਵੀਰ ਕੌਰ ਅਤੇ ਗੁਰਕੀਰਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਸੱਭਿਆਚਾਰਕ ਕੁਇਜ਼ ਵਿੱਚ ਮਨਜਿੰਦਰ ਕੌਰ, ਅਮਨਜੋਤ ਕੌਰ ਅਤੇ ਮੋਹਿਨੀ ਰਾਣੀ ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਰੀਦਕੋਟ ਵੱਲੋਂ ਮਹਾਤਮਾ ਗਾਂਧੀ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਫ਼ਰੀਦਕੋਟ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਾਹਿਤ ਪ੍ਰਸ਼ਨੋਤਰੀ ਮੁਕਾਬਲਿਆਂ ਵਿੱਚ ਕਾਲਜ ਭਾਸ਼ਾ ਮੰਚ ਦੇ ਸਰਪ੍ਰਸਤ ਪ੍ਰੋ. ਬੀਰਇੰਦਰਜੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥਣ ਰਮਨਦੀਪ ਕੌਰ ਨੇ ਦੂਜਾ ਅਤੇ ਜਸਵਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਖੇਡਾਂ ਦੇ ਖੇਤਰ ਵਿੱਚ ਵੀ ਕਾਲਜ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖੇਡ ਇੰਚਾਰਜ ਪ੍ਰੋ. ਰਣਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਦੇ 21 ਤੋਂ 30 ਸਾਲ ਉਮਰ ਵਰਗ ਵਿੱਚ ਵਿਦਿਆਰਥਣ ਸਿਮਰਨਪ੍ਰੀਤ ਕੌਰ ਨੇ ਉੱਚੀ ਛਾਲ ਵਿੱਚ ਪਹਿਲਾ ਅਤੇ ਲੰਬੀ ਛਾਲ ਵਿੱਚ ਤੀਜਾ ਸਥਾਨ ਹਾਸਲ ਕੀਤਾ। ਉਸ ਦੀ ਚੋਣ ਰਾਜ ਪੱਧਰੀ ਖੇਡਾਂ ਲਈ ਵੀ ਹੋਈ ਹੈ। ਇਸੇ ਤਰ੍ਹਾਂ ਵਿਦਿਆਰਥਣ ਕੋਮਲ ਦੀ ਹੈਂਡਬਾਲ ਲਈ ਰਾਜ ਪੱਧਰੀ ਖੇਡਾਂ ਵਾਸਤੇ ਚੋਣ ਹੋਈ, ਜਦਕਿ ਵਿਦਿਆਰਥੀ ਰਾਜਦੀਪ ਸਿੰਘ ਨੇ ਨੈਸ਼ਨਲ ਸਟਾਈਲ ਕਬੱਡੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।

ਇੰਟਰਨਸ਼ਿਪ ਇੰਚਾਰਜ ਡਾ. ਰੁਪਿੰਦਰਜੀਤ ਕੌਰ ਦੀ ਅਗਵਾਈ ਹੇਠ ਬੀ.ਐੱਡ. ਭਾਗ ਦੂਜਾ ਦੇ ਵਿਦਿਆਰਥੀਆਂ ਲਈ ਕਰਵਾਏ ਗਏ ਟੀਚਿੰਗ ਏਡ ਮੁਕਾਬਲੇ ਵੀ ਸਮਾਗਮ ਦਾ ਅਹਿਮ ਹਿੱਸਾ ਰਹੇ। ਇਨ੍ਹਾਂ ਮੁਕਾਬਲਿਆਂ ਵਿੱਚ ਸਮਾਜਿਕ ਸਿੱਖਿਆ, ਗਣਿਤ, ਭੌਤਿਕ ਵਿਗਿਆਨ, ਜੀਵਨ ਵਿਗਿਆਨ, ਅਰਥ ਸ਼ਾਸਤਰ, ਇਤਿਹਾਸ, ਸਰੀਰਕ ਸਿੱਖਿਆ, ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਸਮੇਤ ਵੱਖ-ਵੱਖ ਵਿਸ਼ਿਆਂ ਵਿੱਚ ਵਿਦਿਆਰਥੀਆਂ ਨੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਹਾਸਲ ਕੀਤੇ। ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੇ ਅਧਿਆਪਨ ਸਮੱਗਰੀ ਤਿਆਰ ਕਰਨ ਅਤੇ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਆਪਣੀ ਸਿਰਜਣਾਤਮਕ ਯੋਗਤਾ ਦਾ ਪ੍ਰਦਰਸ਼ਨ ਕੀਤਾ।

ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ, ਕਾਲਜ ਦੇ ਪ੍ਰਿੰਸੀਪਲ ਅਤੇ ਪ੍ਰੋਫ਼ੈਸਰ ਸਾਹਿਬਾਨ ਵੱਲੋਂ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੋ. ਸੰਦੀਪ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਰਾਜੇਸ਼ਵਰੀ ਦੇਵੀ, ਪ੍ਰੋ. ਫੈਨੀ ਚਾਵਲਾ, ਪ੍ਰੋ. ਸੁਖਵਿੰਦਰ ਕੌਰ, ਡਾ. ਰਤਨ ਲਾਲ, ਪ੍ਰੋ. ਕਰਮਜੀਤ ਸਿੰਘ, ਪ੍ਰੋ. ਰਿਮੀ ਅਤੇ ਕਾਲਜ ਦੇ ਸਮੂਹ ਵਿਦਿਆਰਥੀ ਹਾਜ਼ਰ ਸਨ।